# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :22-04-2026**

ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਦਹਿਸ਼ਤਗਰਦੀ ਹਮਲੇ ਦੀ ਅੱਜ ਪਹਿਲੀ ਬਰਸੀ ਏ । ਪਿਛਲੇ ਸਾਲ ਇਸ ਦਿਨ ਦਹਿਸ਼ਤਗਰਦਾਂ ਨੇ ਪਹਿਲਗਾਮ ਵਿੱਚ 26 ਬੇਕਸੂਰ ਲੋਕਾਂ, ਜਿਨ੍ਹਾਂ ਵਿੱਚੋਂ ਜ਼ਿਆਦਾਤਰ ਸੈਲਾਨੀ ਸਨ, ਨੂੰ ਮਾਰ ਦਿੱਤਾ ਸੀ। ਇਸ ਘਿਨਾਉਣੇ ਕਾਰੇ ਨੇ ਪੂਰੇ ਦੇਸ਼ ਨੂੰ ਝੰਜੋੜ ਕੇ ਰੱਖ ਦਿੱਤਾ ਅਤੇ ਦੁਨੀਆ ਭਰ ਦੀਆਂ ਸਰਕਾਰਾਂ ਅਤੇ ਨੇਤਾਵਾਂ ਨੇ ਇਸਦੀ ਸਖ਼ਤ ਨਿੰਦਾ ਕੀਤੀ। ਪਹਿਲਗਾਮ ਦਹਿਸ਼ਤਗਰਦੀ ਹਮਲੇ ਦੇ ਜਵਾਬ ਵਿੱਚ, ਭਾਰਤੀ ਹਥਿਆਰਬੰਦ ਬਲਾਂ ਨੇ ਪਿਛਲੇ ਸਾਲ 6 ਅਤੇ 7 ਮਈ ਦੀ ਰਾਤ ਨੂੰ 'ਆਪ੍ਰੇਸ਼ਨ ਸਿੰਦੂਰ' ਸ਼ੁਰੂ ਕੀਤਾ ਸੀ।

---------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਸੀਪੀ ਰਾਧਾਕ੍ਰਿਸ਼ਨਨ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪਹਿਲਗਾਮ ਦਹਿਸ਼ਤਗਰਦੀ ਹਮਲੇ ਦੀ ਪਹਿਲੀ ਬਰਸੀ 'ਤੇ ਪੀੜਤਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਨੇ ਦੁਖੀ ਪਰਿਵਾਰਾਂ ਨਾਲ ਹਮਦਰਦੀ ਪ੍ਰਗਟ ਕੀਤੀ ਅਤੇ ਕਿਹਾ ਕਿ ਪੂਰਾ ਦੇਸ਼ ਉਨ੍ਹਾਂ ਦੇ ਨਾਲ

ਖੜ੍ਹਾ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ੍ਰੀ ਰਾਧਾਕ੍ਰਿਸ਼ਨਨ ਨੇ ਕਿਹਾ ਕਿ ਉਸ ਘਿਨਾਉਣੇ ਅਤੇ ਕਾਇਰਤਾਪੂਰਨ ਦਹਿਸ਼ਤਗਰਦੀ ਹਮਲੇ ਵਿੱਚ ਆਪਣੀਆਂ ਜਾਨਾਂ ਗੁਆਉਣ ਵਾਲੇ ਬੇਕਸੂਰ ਪੀੜਤਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਉਪ-ਰਾਸ਼ਟਰਪਤੀ ਨੇ ਕਿਹਾ ਕਿ ਭਾਰਤ ਉਨ੍ਹਾਂ ਦੇ ਪਰਿਵਾਰਾਂ ਨਾਲ ਇਕਜੁੱਟਤਾ ਨਾਲ ਖੜ੍ਹਾ ਏ। ਉਨ੍ਹਾਂ ਕਿਹਾ ਕਿ ਅਜਿਹੀ ਬੇਰਹਿਮੀ ਸ਼ਾਂਤੀ, ਏਕਤਾ ਅਤੇ ਮਨੁੱਖਤਾ ਦੀਆਂ ਕਦਰਾਂ ਕੀਮਤਾਂ ਨੂੰ ਬਰਕਰਾਰ ਰੱਖਣ ਦੇ ਦੇਸ਼ ਦੇ ਸੰਕਲਪ ਨੂੰ ਕਦੇ ਵੀ ਹਿਲਾ ਨਹੀਂ ਸਕਦੀ। ਪ੍ਰਧਾਨ ਮੰਤਰੀ ਨੇ ਕਿਹਾ ਕਿ ਦੇਸ਼ ਕਦੇ ਵੀ ਦਹਿਸ਼ਤਗਰਦੀ ਦੇ ਕਿਸੇ ਵੀ ਰੂਪ ਅੱਗੇ ਨਹੀਂ ਝੁਕੇਗਾ ਅਤੇ ਦਹਿਸ਼ਤਗਰਦਾਂ ਦੇ ਨਾਪਾਕ ਮਨਸੂਬੇ ਕਦੇ ਵੀ ਸਫਲ ਨਹੀਂ ਹੋਣਗੇ। ਸ੍ਰੀ ਮੋਦੀ ਨੇ ਕਿਹਾ ਕਿ ਪਹਿਲਗਾਮ ਦਹਿਸ਼ਤਗਰਦੀ ਹਮਲੇ ਦੇ ਪੀੜਤਾਂ ਨੂੰ ਕਦੇ ਵੀ ਭੁਲਾਇਆ ਨਹੀਂ ਜਾਵੇਗਾ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਨ੍ਹਾਂ ਇਸ ਨੁਕਸਾਨ ਦਾ ਸਾਹਮਣਾ ਕਰਦੇ ਦੁਖੀ ਪਰਿਵਾਰਾਂ ਪ੍ਰਤੀ ਆਪਣੀ ਡੂੰਘੀ ਸੰਵੇਦਨਾ ਪ੍ਰਗਟ ਕੀਤੀ। ਰੱਖਿਆ ਮੰਤਰੀ ਰਾਜਨਾਥ ਸਿੰਘ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਪਹਿਲਗਾਮ ਦਹਿਸ਼ਤਗਰਦੀ ਹਮਲੇ ਦੇ ਪੀੜਤਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਰੱਖਿਆ ਮੰਤਰੀ ਨੇ ਕਿਹਾ ਕਿ ਦੇਸ਼ ਨੇ ਦਹਾਕਿਆਂ ਤੋਂ ਸਰਹੱਦ ਪਾਰ ਦਹਿਸ਼ਤਗਰਦੀ ਦਾ ਸਾਹਮਣਾ ਕੀਤਾ ਏ , ਪਰ ਅੱਜ ਸਾਡਾ ਜਵਾਬ ਦ੍ਰਿੜ, ਫੈਸਲਾਕੁੰਨ ਅਤੇ

ਅਟੱਲ ਏ।   ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰੱਖਿਆ ਮੰਤਰੀ ਨੇ ਕਿਹਾ ਕਿ ਭਾਰਤ ਦੀ ਦ੍ਰਿੜ ਕਾਰਵਾਈ ਨੇ ਦਿਖਾਇਆ ਏ  ਕਿ ਦੇਸ਼ ਦੇ ਲੋਕਾਂ ਨੂੰ ਨੁਕਸਾਨ ਪਹੁੰਚਾਉਣ ਜਾਂ ਇਸਦੀ ਏਕਤਾ ਨੂੰ ਭੰਗ ਕਰਨ ਦੀ ਕਿਸੇ ਵੀ ਕੋਸ਼ਿਸ਼ ਦਾ ਦ੍ਰਿੜਤਾ ਅਤੇ ਸਪੱਸ਼ਟਤਾ ਨਾਲ ਸਾਹਮਣਾ ਕੀਤਾ ਜਾਵੇਗਾ। ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਦਹਿਸ਼ਤਗਰਦੀ ਮਨੁੱਖਤਾ ਦਾ ਸਭ ਤੋਂ ਵਡੀ  ਦੁਸ਼ਮਣ ਏ  ਅਤੇ ਨਾਗਰਿਕਾਂ ਨੂੰ ਇਸ ਖਿਲਾਫ  ਖੜ੍ਹੇ ਹੋਣ ਦਾ ਸੱਦਾ ਦਿੱਤਾ।

---------------------------------------------------------------

ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਧਰਤੀ ਦਿਵਸ ਦੇ ਮੌਕੇ 'ਤੇ ਧਰਤੀ ਦੀ ਰੱਖਿਆ ਅਤੇ ਸੰਭਾਲ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਉਣ ਦੀ ਅਪੀਲ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਪ ਰਾਸ਼ਟਰਪਤੀ ਨੇ ਕਿਹਾ ਕਿ ਕੁਦਰਤ ਨਾਲ ਸਦਭਾਵਨਾ ਭਾਰਤ ਦੀ ਸੱਭਿਅਤਾ ਦੀ ਵਿਚਾਰਧਾਰਾ ਦਾ ਇੱਕ ਨਿਰੰਤਰ ਹਿੱਸਾ ਰਹੀ ਏ। ਤਮਿਲ ਕਵੀ ਤਿਰੂਵੱ-ਲੂਵਰ ਦੇ ਇੱਕ ਹਵਾਲੇ ਦਾ ਹਵਾਲਾ ਦਿੰਦੇ ਹੋਏ, ਉਪ ਰਾਸ਼ਟਰਪਤੀ ਨੇ ਕਿਹਾ ਕਿ "ਵਨ ਸੁਵਨੀਂ  ਜੈਵ ਵਿਭਿੰਨਤਾ" ਦਾ ਅਰਥ ਸਰੋਤਾਂ ਦੀ ਸੁਚੇਤ ਅਤੇ ਬਰਾਬਰ ਵਰਤੋਂ ਨਾਲ  ਸਾਰੇ ਜੀਵਾਂ ਦੀ ਦੇਖਭਾਲ ਕਰਨਾ।ਏ ਸ਼੍ਰੀ ਰਾਧਾਕ੍ਰਿਸ਼ਨਨ ਨੇ ਦੇਸ਼ ਵਾਸੀਆਂ ਨੂੰ ਜਲਵਾਯੂ ਤਬਦੀਲੀ  ਅਤੇ ਵਾਤਾਵਰਣ ਚੁਣੌਤੀਆਂ ਦੇ ਸਾਹਮਣੇ ਪਾਏਦਾਰ  ਜੀਵਨ

ਸ਼ੈਲੀ ਅਪਣਾਉਣ ਅਤੇ ਇੱਕ ਹਰੇ ਅਤੇ ਬੇਹਤਰ ਭਵਿੱਖ ਲਈ ਇਕੱਠੇ ਕੰਮ ਕਰਨ ਦੀ ਅਪੀਲ ਦਿੱਤੀ। ਉਨ੍ਹਾਂ ਕਿਹਾ ਕਿ ਧਰਤੀ ਦਾ ਸਤਿਕਾਰ ਸਿਰਫ਼ ਇੱਕ ਦਿਨ ਨਹੀਂ ਸਗੋਂ ਹਰ ਰੋਜ਼ ਕੀਤਾ ਜਾਣਾ ਚਾਹੀਦਾ ਏ।

---------------------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਗੁਰਦਾਸਪੁਰ ਦੀ ਅਨਾਜ ਮੰਡੀ ਦਾ ਦੌਰਾ ਕੀਤਾ। ਉਨ੍ਹਾਂ ਕਿਹਾ ਕਿ ਅਨਾਜ ਮੰਡੀਆਂ ਵਿੱਚ ਕਿਸਾਨਾਂ ਲਈ ਢੁਕਵੇਂ ਪ੍ਰਬੰਧ ਕੀਤੇ ਗਏ ਨੇ। ਕਿਸਾਨਾਂ ਦੀ ਫ਼ਸਲ ਨੂੰ ਸਮੇਂ ਸਿਰ ਚੁੱਕਿਆ ਜਾਵੇਗਾ ਅਤੇ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ।

---------------------------------------------------------------

ਪੰਜਾਬ ਪੁਲਿਸ ਨੇ ਕਿਹਾ ਕਿ ਇਸ ਸਾਲ 20 ਜਨਵਰੀ ਨੂੰ ਸੂਬੇ ਵਿੱਚ "ਗੈਂਗਸਟਰਾਂ ਤੇ ਵਾਰ" ਮੁਹਿੰਮ ਸ਼ੁਰੂ ਕਰਨ ਤੋਂ ਬਾਅਦ ਪਿਛਲੇ ਤਿੰਨ ਮਹੀਨਿਆਂ ਵਿੱਚ ਗੈਂਗਸਟਰਾਂ ਨਾਲ ਸਬੰਧਤ ਕਤਲਾਂ ਅਤੇ ਗੋਲੀਬਾਰੀ ਦੀਆਂ ਘਟਨਾਵਾਂ ਵਿੱਚ 69 ਫੀਸਦੀ ਤੱਕ ਦੀ ਮਹੱਤਵਪੂਰਨ ਗਿਰਾਵਟ ਦਰਜ ਕੀਤੀ ਗਈ ਏ। ਇਹ ਲੋਕਾਂ ਦੀ ਮਦਦ ਕਾਰਨ ਸੰਭਵ ਹੋਇਆ ਏ ਜੋ ਸੂਬੇ ਵਿੱਚ ਗੈਂਗਸਟਰਵਾਦ ਨੂੰ ਖਤਮ ਕਰਨ ਲਈ ਪੁਲਿਸ ਨੂੰ ਜਾਣਕਾਰੀ ਪ੍ਰਦਾਨ ਕਰਨ ਲਈ ਅੱਗੇ ਆ ਰਹੀ ਏ। ਸੂਬੇ ਭਰ ਦੇ ਲੋਕ ਟੋਲ-ਫ੍ਰੀ ਐਂਟੀ-ਗੈਂਗਸਟਰ ਹੈਲਪਲਾਈਨ ਨੰਬਰ: 93-946-93-

946 'ਤੇ ਫੋਨ ਕਰ ਰਹੇ ਨੇ , ਤਾਂ ਜੋ ਉਨ੍ਹਾਂ ਨੂੰ ਮਿਲਣ ਵਾਲੀਆਂ ਜਬਰੀ ਵਸੂਲੀ ਨਾਲ ਸਬੰਧਤ ਕਾਲਾਂ ਜਾਂ ਗੈਂਗਸਟਰਾਂ ਨਾਲ ਸਬੰਧਤ ਕਿਸੇ ਵੀ ਘਟਨਾ ਦੀ ਰਿਪੋਰਟ ਕੀਤੀ ਜਾ ਸਕੇ। ਪੁਲਿਸ ਸੂਤਰਾਂ ਦੇ ਹਵਾਲੇ ਨਾਲ, ਜਲੰਧਰ ਤੋਂ ਸਾਡੇ ਪੱਤਰਕਾਰ ਨੇ ਦਸਿਆ ਕਿ ਰਾਜ ਸਰਕਾਰ ਵਲੋਂ ਕਿਸੇ ਵੀ ਵਿਅਕਤੀ ਨੂੰ ਬਿਨਾ ਨਾਮ ਦਸੇ 'ਤੇ ਸੂਚਨਾ ਦੇਣ ਲਈ ਸਥਾਪਤ ਕੀਤੀ ਗਈ ਹੈਲਪਲਾਈਨ, ਕਾਰਵਾਈ ਸ਼ੁਰੂ ਹੋਣ ਤੋਂ ਬਾਅਦ ਹਰ ਮਹੀਨੇ ਗੈਂਗਸਟਰਾਂ ਨਾਲ ਸਬੰਧਤ ਅਪਰਾਧਾਂ ਬਾਰੇ ਲਗਭਗ 175 ਕਾਲਾਂ ਆ ਰਹੀਆਂ ਨੇ। ਅੰਕੜਿਆਂ ਤੋਂ ਪਤਾ ਚਲਦਾ ਏ ਕਿ ਜਨਵਰੀ ਤੋਂ ਗੈਂਗਸਟਰਾਂ ਨਾਲ ਸਬੰਧਤ ਕਤਲ ਦੇ ਮਾਮਲਿਆਂ ਵਿੱਚ 100 ਫੀਸਦੀ ਦੀ ਗਿਰਾਵਟ ਆਈ ਏ। ਇਸੇ ਤਰ੍ਹਾਂ ਜ਼ਬਰਨ ਵਸੂਲੀ ਦੇ ਮਾਮਲਿਆਂ ਵਿੱਚ ਵੀ 10.9 ਫੀਸਦੀ ਕਮੀ ਆਈ ਏ। ਜਨਵਰੀ ਵਿੱਚ 110 ਮਾਮਲਿਆਂ ਦੇ ਮੁਕਾਬਲੇ ਮਾਰਚ ਵਿੱਚ ਇਹ ਗਿਣਤੀ ਘਟ ਕੇ 98 ਰਹਿ ਗਈ ਏ।

---

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਦੋ ਮੋਡਿਊਲ ਦਾ ਪਰਦਾਫਾਸ਼ ਕਰਦਿਆਂ ਪੰਜ ਮੁਲਜ਼ਮਾਂ ਨੂੰ 7 ਕਿਲੋਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਏ। ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਗ੍ਰਿਫ਼ਤਾਰ

ਕੀਤੇ ਗਏ ਵਿਅਕਤੀਆਂ ਦੀ ਪਛਾਣ ਦੀਪਕ ਸਿੰਘ ਉਰਫ਼ ਦੀਪੂ , ਪ੍ਰਿੰਸ, ਰਜਿੰਦਰ ਸਿੰਘ , ਰਣਦੀਪ ਸਿੰਘ ਅਤੇ ਗੁਰਪ੍ਰੀਤ ਸਿੰਘ ਉਰਫ਼ ਗੋਪੀ ਵਜੋਂ ਹੋਈ ਏ। ਇਸ ਸਾਰੇ ਅੰਮ੍ਰਿਤਸਰ ਦੇ ਵੱਖ ਵੱਖ ਪਿੰਡ ਦੇ ਰਹਿਣ ਵਾਲੇ ਨੇ । ਊਨਾ ਦਸਿਆ ਕਿ ਹੈਰੋਇਨ ਬਰਾਮਦ ਕਰਨ ਤੋਂ ਇਲਾਵਾ ਪੁਲਿਸ ਟੀਮਾਂ ਨੇ ਨਸ਼ਿਆਂ ਦੀ ਤਸਕਰੀ ਲਈ ਵਰਤਿਆ ਜਾ ਰਿਹਾ ਉਨ੍ਹਾਂ ਦਾ ਮੋਟਰਸਾਈਕਲ ਵੀ ਜ਼ਬਤ ਕਰ ਲਿਆ ਏ। ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਪਾਕਿਸਤਾਨ ਸਥਿਤ ਇੱਕ ਤਸਕਰ ਦੇ ਸੰਪਰਕ ਵਿੱਚ ਸਨ, ਜੋ ਡਰੋਨ ਰਾਹੀਂ ਖੇਪ ਭੇਜ ਕੇ ਆਪਣੇ ਸਥਾਨਕ ਹੈਂਡਲਰਾਂ ਰਾਹੀਂ ਪੰਜਾਬ ਭਰ ਵਿੱਚ ਇਸ ਦੀ ਸਪਲਾਈ ਕਰ ਰਿਹਾ ਸੀ। ਇਸ ਨਸ਼ਾ ਤਸਕਰੀ ਨੈੱਟਵਰਕ ਦੇ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਅਗਲੀ ਜਾਂਚ ਜਾਰੀ ਏ।

---------------------------------------------------------------

ਗੁਰਦਾਸਪੁਰ ਦੇ ਸਹਾਇਕ ਕਮਿਸ਼ਨਰ ਖੁਰਾਕ ਡਾ. ਜੀ.ਐਸ ਪੰਨੂ ਨੇ ਖੁਰਾਕ ਸੁਰੱਖਿਆ ਅਫ਼ਸਰ ਸਿਮਰਤ ਕੌਰ ਸਮੇਤ ਫ਼ਤਿਹਗੜ੍ਹ ਚੂੜੀਆਂ ਦੇ ਵੱਖ-ਵੱਖ ਬਜ਼ਾਰਾਂ ਵਿੱਚ ਖਾਣ ਪੀਣ ਵਾਲੀਆਂ ਦੁਕਾਨਾਂ ਅਤੇ ਰੇਹੜੀਆਂ ਦੀ ਚੈਕਿੰਗ ਕਰਕੇ ਉਹਨਾਂ ਦੇ ਨਮੂਨੇ ਭਰੇ ਗਏ। ਉਹਨਾਂ ਰੇਹੜੀਆਂ ਅਤੇ ਦੁਕਾਨਾਂ ਤੇ ਫਾਸਟ ਫੂਡ ਵੇਚਣ ਵਾਲੇ ਦੁਕਾਨਦਾਰਾਂ ਨੂੰ ਸਖਤੀ ਨਾਲ ਹਦਾਇਤ ਕੀਤੀ ਕਿ ਉਹ ਲੋਕਾਂ ਦੀ ਸਿਹਤ ਨਾਲ ਖਿਲਵਾੜ ਨਾ ਕਰਨ

ਅਤੇ ਆਪਣੇ ਖੁਰਾਕ ਸੁਰੱਖਿਆ ਦੇ ਮਿਆਰਾਂ ਬਾਰੇ ਸਰਟੀਫਿਕੇਟ ਪਹਿਲ ਦੇ ਅਧਾਰ ਤੇ ਬਣਵਾਉਣ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਸਾਫ਼ ਸੁਥਰਾ ਭੋਜਨ ਵੇਚਿਆ ਜਾਵੇ ਅਤੇ ਖਾਣ ਪੀਣ ਵਾਲੀਆਂ ਚੀਜ਼ਾਂ ਨੂੰ ਢੱਕ ਕੇ ਰੱਖਿਆ ਜਾਵੇ। ਉਹਨਾਂ ਨੇ ਖੁਰਾਕ ਸੁਰੱਖਿਆ ਵਿਭਾਗ ਵੱਲੋਂ ਚਲਾਈ ਜਾ ਰਹੀ ਵੈਨ ਰਾਹੀਂ ਲੋਕਾਂ ਨੂੰ ਜਾਗਰੂਕ ਕਰਕੇ ਦਸਤਾਨੇ ਅਤੇ ਸਿਰ ਤੇ ਪਾਉਣ ਵਾਲੀਆਂ ਟੋਪੀਆਂ ਵੀ ਵੰਡੀਆਂ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾ. ਜੀ.ਐਸ ਪੰਨੂ ਨੇ ਕਿਹਾ ।

BYTE

---------------------------------------------------------------

ਗੁਰਦਾਸਪੁਰ ਦੇ ਸਰਕਾਰੀ ਪ੍ਰਾਇਮਰੀ ਸਕੂਲ ਪੰਡੋਰੀ ਮਹੰਤਾਂ ਵਿਖੇ ਚੱਲ ਰਹੇ ਆਂਗਣਵਾੜੀ ਸੈਂਟਰ ਨੰਬਰ 1 ਅਤੇ 2 ਵੱਲੋਂ ਸਾਂਝੇ ਤੌਰ 'ਤੇ ਪੋਸ਼ਣ ਪੰਦ੍ਰਵਾੜਾ' ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਸਟਾਫ਼, ਆਂਗਣਵਾੜੀ ਵਰਕਰਾਂ ਅਤੇ ਪਿੰਡ ਦੀਆਂ ਔਰਤਾਂ ਨੇ ਸ਼ਮੂਲੀਅਤ ਕੀਤੀ।ਸਮਾਗਮ ਦੌਰਾਨ ਆਂਗਣਵਾੜੀ ਸੁਪਰਵਾਈਜ਼ਰ ਬਲਜੀਤ ਕੌਰ ਨੇ ਦੱਸਿਆ ਕਿ 9 ਅਪ੍ਰੈਲ ਤੋਂ 23 ਅਪ੍ਰੈਲ ਤੱਕ ਮਨਾਏ ਜਾ ਰਹੇ ਇਸ ਪੰਦ੍ਰਵਾੜੇ ਦਾ ਮੁੱਖ ਉਦੇਸ਼ ਗਰਭਵਤੀ ਔਰਤਾਂ, ਛੋਟੇ ਬੱਚਿਆਂ ਦੀਆਂ ਮਾਂਤਾਵਾਂ ਅਤੇ ਬੱਚਿਆਂ ਨੂੰ ਸਹੀ ਖ਼ੁਰਾਕ ਅਤੇ ਸਿਹਤ ਸੰਭਾਲ ਪ੍ਰਤੀ ਜਾਗਰੂਕ ਕਰਨਾ ਏ । ਔਰਤਾਂ ਨੂੰ ਘਰਾਂ ਵਿੱਚ 'ਕਿਚਨ ਗਾਰਡਨ'

ਬਣਾਉਣ ਲਈ ਪ੍ਰੇਰਿਤ ਕੀਤਾ ਗਿਆ ਤਾਂ ਜੋ ਉਹ ਮੌਸਮੀ ਅਤੇ ਤਾਜ਼ੀਆਂ ਸਬਜ਼ੀਆਂ ਦੀ ਵਰਤੋਂ ਕਰ ਸਕਣ।

---------------------------------------------------------------------------